ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਜ਼ਿਲ੍ਹੇ 'ਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ 10.31 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਸੜਕਾਂ ਦਾ ਕੰਮ ਮੁਕੰਮਲ

- **ਮਗਨਰੇਗਾ ਤਹਿਤ ਸਾਲ 2015-16 ਦੌਰਾਨ 32.32 ਕਰੋੜ ਰੁਪਏ ਖਰਚ ਕੀਤੇ ਗਏ**
- **ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਸਬੰਧਤ ਅਧਿਕਾਰੀ ਹੇਠਲੇ ਪੱਧਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ-ਪ੍ਰੋ: ਸਾਧੂ ਸਿੰਘ**
- **ਅਧਿਕਾਰੀਆਂ ਨੂੰ ਐਮ.ਪੀ ਲੈਡ ਸਕੀਮ ਤਹਿਤ ਪ੍ਰਾਪਤ ਗ੍ਰਾਂਟ ਦੇ ਵਰਤੋਂ ਸਰਟੀਫੀਕੇਟ ਤੁਰੰਤ ਦੇਣ ਦੇ ਦਿੱਤੇ ਆਦੇਸ਼**
- **ਡਿਪਟੀ ਕਮਿਸ਼ਨਰ ਨੇ ਸਰਕਾਰ ਦੀਆਂ ਨੀਤੀਆਂ ਨੂੰ ਇੰਨ-ਬਿੰਨ ਲਾਗੂ ਕਰਨ ਦਾ ਦਿਵਾਇਆ ਭਰੋਸਾ**

ਮੋਗਾ ਮਾਰਚ 29:

ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਸਬੰਧਤ ਅਧਿਕਾਰੀ ਪਾਰਦਰਸ਼ੀ ਅਤੇ ਇਮਾਨਦਾਰੀ ਨਾਂਲ ਹੇਠਲੇ ਪੱਧਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ।

ਇਹ ਪ੍ਰਗਟਾਵਾ ਮੈਂਬਰ ਲੋਕ ਸਭਾ ਹਲਕਾ ਫ਼ਰੀਦਕੋਟ ਪ੍ਰੋ: ਸਾਧੂ ਸਿੰਘ ਨੇ ਅੱਜ ਸਥਾਨਕ ਮੀਟਿੰਗ ਹਾਲ ਵਿਖੇ ਵਿਜੀਲੈਂਸ ਅਤੇ ਮੋਨੀਟਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ ਅਤੇ ਵਧੀਕ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਵੀ ਮੌਜੂਦ ਸਨ।

ਪ੍ਰੋ: ਸਾਧੂ ਸਿੰਘ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ 'ਚ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਅਧੀਨ ਦੂਸਰੇ ਪੜ੍ਹਾਅ ਤਹਿਤ 10.31 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਸੜਕਾਂ ਰਾਸ਼ਟਰੀ ਮਾਰਗ-95 ਤੋਂ ਪਿੰਡ ਸਲੀਣਾ, ਢੁੱਡੀਕੇ ਤੋਂ ਦੌਧਰ-ਲੋਪੋ ਅਤੇ ਅਜੀਤਵਾਲ ਤੋਂ ਤਲਵੰਡੀ ਮੱਲੀਆਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜਦ ਕਿ ਰਾਸ਼ਟਰੀ ਮਾਰਗ-95 ਤੋਂ ਕਪੂਰੇ ਅਤੇ ਕੋਟ ਈਸੇ ਖਾਂ ਤੋਂ ਗਾਲਿਬ ਕਲਾਂ ਤੱਕ ਸੜਕਾਂ ਨੂੰ ਚੌੜਾ ਤੇ ਮਜ਼ਬੂਤ ਕਰਨ ਦਾ ਕੰਮ ਪ੍ਰਗਤੀ ਅਧੀਨ ਹੈ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਪੈਚ-ਵਰਕ ਲਈ ਸੜਕਾਂ ਦੀ ਸ਼ਨਾਖਤ ਕਰਕੇ ਸਮੇਂ ਸਿਰ ਮੁਰੰਮਤ ਕਰਨ ਦੀ ਹਦਾਇਤ ਵੀ ਕੀਤੀ। ਉਨ੍ਹਾਂ ਦੱਸਿਆ ਕਿ ਮਗਨਰੇਗਾ ਤਹਿਤ ਸਾਲ 2015-16 ਦੌਰਾਨ 32.32 ਕਰੋੜ ਰੁਪਏ ਖਰਚ ਕੀਤੇ ਗਏ ਹਨ ਅਤੇ ਇਸ ਸਕੀਮ ਤਹਿਤ ਜਾਬ-ਕਾਰਡ ਧਾਰਕਾਂ ਨੂੰ 100 ਦਿਨਾਂ ਲਈ ਰੋਜ਼ਗਾਰ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਕੰਮ ਦਿੱਤਾ ਜਾਣਾ ਚਾਹੀਦਾ ਹੈ। ਕਾਰਜਕਾਰੀ ਇੰਜੀਨੀਅਰ ਜਨ ਸਿਹਤ ਵਿਭਾਗ ਬਲਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ 'ਤੇ ਸਾਲ 2015-16 ਦੌਰਾਨ 36.18 ਲੱਖ ਰੁਪਏ ਖਰਚ ਕੀਤੇ ਗਏ, ਜਦ ਕਿ ਸਵੱਛ ਭਾਰਤ ਮਿਸ਼ਨ ਤਹਿਤ ਟੋਟਲ ਸੈਨੀਟੇਸ਼ਨ ਕੰਪੇਨ (ਟੀ.ਐਸ.ਸੀ) ਤਹਿਤ 344 ਗ੍ਰਾਮ ਪੰਚਾਇਤਾਂ ਵਿੱਚੋਂ 108 ਗ੍ਰਾਮ ਪੰਚਾਇਤਾਂ ਨੂੰ ਪਖਾਨੇ ਬਣਾਉਣ ਲਈ 1.36 ਕਰੋੜ ਰੁਪਏ ਜਾਰੀ ਕੀਤੇ ਗਏ ਹਨ, ਜਿੰਨ੍ਹਾਂ ਵਿੱਚੋਂ ਹੁਣ ਤੱਕ 45.53 ਲੱਖ ਰੁਪਏ ਖਰਚ ਕੀਤੇ ਜਾ ਚੁੱਕੇ ਹਨ। ਇਸੇ ਤਰ੍ਹਾਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਉੱਤਮ ਕੌਰ ਨੇ ਦੱਸਿਆ ਕਿ ਸਾਲ 2015-16 ਦੌਰਾਨ ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ ਤਹਿਤ 4898 ਲਾਭਪਾਤਰੀਆਂ ਨੂੰ 1 ਕਰੋੜ 03 ਲੱਖ 78 ਹਜ਼ਾਰ ਰੁਪਏ, ਇੰਦਰਾ ਗਾਂਧੀ ਰਾਸ਼ਟਰੀ ਵਿਧਵਾ

ਪੈਨਸ਼ਨ ਸਕੀਮ ਤਹਿਤ 628 ਲਾਭਪਾਤਰੀਆਂ ਨੂੰ 16 ਲੱਖ 95 ਹਜ਼ਾਰ 600 ਰੁਪਏ, ਇੰਦਰਾ ਗਾਂਧੀ ਰਾਸ਼ਟਰੀ ਅਪੰਗਤਾ ਪੈਨਸ਼ਨ ਸਕੀਮ ਤਹਿਤ 338 ਲਾਭਪਾਤਰੀਆਂ ਨੂੰ 9 ਲੱਖ 12 ਹਜ਼ਾਰ 600 ਰੁਪਏ ਅਤੇ ਰਾਸ਼ਟਰੀ ਪ੍ਰੀਵਾਰਕ ਲਾਭ ਸਕੀਮ ਤਹਿਤ 41 ਲਾਭਪਾਤਰੀਆਂ ਨੂੰ 6 ਲੱਖ 50 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਮੁਹੱਈਆ ਕਰਵਾਈ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ) ਡਾ: ਬਲਦੇਵ ਸਿੰਘ ਨੇ ਦੱਸਿਆ ਕਿ ਸਰਵ ਸਿੱਖਿਆ ਅਭਿਆਨ ਤਹਿਤ ਲੜਕੀਆਂ ਨੂੰ ਕਰਾਟਿਆਂ ਦੀ ਸਿਖਲਾਈ ਦੇਣ ਦੇ ਮੰਤਵ ਨਾਲ ਜ਼ਿਲ੍ਹੇ ਦੇ 50 ਸਕੂਲਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਸਕੂਲ ਕੁੱਲ 50 ਲੱਖ ਰੁਪਏ ਦੀ ਗ੍ਰਾਂਟ ਪ੍ਰਾਪਤ ਹੋਈ ਅਤੇ ਇੰਨ੍ਹਾਂ ਸਕੂਲਾਂ ਵਿੱਚ ਲੜਕੀਆਂ ਨੂੰ ਪ੍ਰਾਈਵੇਟ ਕੋਚਾਂ ਰਾਹੀਂ ਕਰਾਟੇ ਦੀ ਸਿਖਲਾਈ ਦਿੱਤੀ ਗਈ, ਜਿਸ ਸਦਕਾ ਜ਼ਿਲ੍ਹੇ ਦੀਆਂ ਲੜਕੀਆਂ ਨੇ ਕੌਮੀ ਪੱਧਰ ਦੇ ਮੁਕਾਬਲਿਆਂ ‘ਚ ਭਾਗ ਲਿਆ। ਇਸ ‘ਤੇ ਮੈਂਬਰ ਪਾਰਲੀਮੈਂਟ ਪ੍ਰੋ: ਸਾਧੂ ਸਿੰਘ ਨੇ ਕਿਹਾ ਕਿ ਲੜਕੀਆਂ ਨੂੰ ਸਕੂਲਾਂ ‘ਚ ਯੋਗ ਕੋਚਾਂ ਰਾਹੀਂ ਸਿਖਲਾਈ ਦਿੱਤੀ ਜਾਵੇ ਤਾਂ ਜੋ ਲੜਕੀਆਂ ਕਰਾਟੇ ਦੀ ਮੁਹਾਰਤ ਹਾਸਲ ਕਰਕੇ ਸਵੈ-ਰੱਖਿਆ ਦੇ ਯੋਗ ਹੋ ਸਕਣ। ਕਮੇਟੀ ਮੈਂਬਰ ਵੱਲੋਂ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹੇ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਢਿੱਲੀ ਕਾਰਗੁਜ਼ਾਰੀ ‘ਤੇ ਪ੍ਰੋ: ਸਾਧੂ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਕੰਮ ‘ਚ ਤੇਜ਼ੀ ਲਿਆਉਣ ਦੀ ਹਦਾਇਤ ਕੀਤੀ।

ਇਸ ਉਪਰੰਤ ਮੈਂਬਰ ਪਾਰਲੀਮੈਂਟ .ਪ੍ਰੋ: ਸਾਧੂ ਸਿੰਘ ਨੇ ਐਮ.ਪੀ.ਲੈਡ ਸਕੀਮ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਦੱਸਿਆ ਕਿ ਇਸ ਸਕੀਮ ਤਹਿਤ ਸਾਲ 2014-15 ਦੌਰਾਨ 77.20 ਲੱਖ ਰੁਪਏ ਅਤੇ ਸਾਲ 2015-16 ਦੌਰਾਨ 96.80 ਲੱਖ ਰੁਪਏ ਦੀ ਰਾਸ਼ੀ ਵੱਖ-ਵੱਖ ਸਬੰਧਤ ਕਾਰਜਕਾਰੀ ਏਜੰਸੀਆਂ ਨੂੰ ਵਿਕਾਸ ਕਾਰਜਾਂ ਲਈ ਪ੍ਰਵਾਨ ਕੀਤੀ ਜਾ ਚੁੱਕੀ ਹੈ। ਉਨ੍ਹਾਂ ਸਬੰਧਤ ਕਾਰਜਕਾਰੀ ਏਜੰਸੀਆਂ ਦੇ ਅਧਿਕਾਰੀਆਂ ਨੂੰ ਐਮ.ਪੀ ਲੈਡ ਸਕੀਮ ਤਹਿਤ ਪ੍ਰਾਪਤ ਗ੍ਰਾਂਟ ਦੇ ਵਰਤੋਂ ਸਰਟੀਫੀਕੇਟ ਤੁਰੰਤ ਦੇਣ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਮੇਟੀ ਮੈਂਬਰਾਂ ਤੇ ਅਧਿਕਾਰੀਆਂ ਵੱਲੋਂ ਦਿੱਤੇ ਗਏ ਸੁਝਾਵਾਂ ਸਬੰਧੀ ਉਹ ਕੇਂਦਰ ਅਤੇ ਸੂਬਾ ਸਰਕਾਰ ਤੱਕ ਪਹੁੰਚ ਕਰਕੇ ਇੰਨ੍ਹਾਂ ਨੂੰ ਲਾਗੂ ਕਰਵਾਉਣ ਦਾ ਹਰ ਸੰਭਵ ਉਪਰਾਲਾ ਕਰਨਗੇ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ ਨੇ ਮੈਂਬਰ ਪਾਰਲੀਮੈਂਟ ਪ੍ਰੋ: ਸਾਧੂ ਸਿੰਘ ਨੂੰ ਜ਼ਿਲ੍ਹੇ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਇੰਨ-ਬਿੰਨ ਲਾਗੂ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਅਧਿਕਾਰੀਆਂ ਨੂੰ ਆਪਣੀ ਡਿਊਟੀ ਹੋਰ ਵਧੇਰੇ ਇਮਾਨਦਾਰੀ, ਤਨਦੇਹੀ ਅਤੇ ਸ਼ਿੱਦਤ ਨਾਲ ਨਿਭਾਉਣ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਆਰੰਭ ਕੀਤੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਨੂੰ ਮੁਹੱਈਆ ਕਰਵਾਇਆ ਜਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮੇਟੀ ਮੈਂਬਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕ੍ਰਮਚਾਰੀ ਮੌਜੂਦ ਸਨ।

------

ਨੰ: ਪੀ.ਆਰ(ਪ੍ਰੈ ਰੀ)2016/154





